# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-02-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਕੇਂਦਰ ਸਰਕਾਰ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਨੂੰ ਉੱਚ ਸਿੱਖਿਆ ਵਿੱਚ ਜੋੜਨ ਲਈ ਸਰਗਰਮ ਕਦਮ ਚੁੱਕ ਰਹੀ ਏ। ਅੱਜ ਦੁਪਹਿਰ ਬਾਅਦ ਰਾਂਚੀ ਵਿੱਚ ਬਿਰਲਾ ਇੰਸਟੀਚਿਊਟ ਆਫ਼ ਟੈਕਨਾਲੋਜੀ (BIT) ਮੇਸਰਾ ਦੇ ਪਲੈਟੀਨਮ ਜੁਬਲੀ ਸਮਾਰੋਹ ਵਿਖੇ ਬੋਲਦਿਆਂ, ਰਾਸ਼ਟਰਪਤੀ ਨੇ ਕਿਹਾ ਕਿ ਭਵਿੱਖ ਵਿੱਚ ਏਆਈ ਅਤੇ ਮਸ਼ੀਨ ਸਿਖਲਾਈ ਵਿੱਚ ਮਹੱਤਵਪੂਰਨ ਤਰੱਕੀ ਵੱਲੋਂ ਸੰਚਾਲਿਤ ਵੱਡੀਆਂ ਤਬਦੀਲੀਆਂ ਦੇਖਣ ਨੂੰ ਮਿਲਣਗੀਆਂ। ਰਾਸ਼ਟਰਪਤੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਨੌਜਵਾਨਾਂ ਦਾ ਉਤਸ਼ਾਹ ਅਤੇ ਵਚਨਬੱਧਤਾ ਵਿਕਸਿਤ ਭਾਰਤ' ਦੇ ਨਿਰਮਾਣ ਵਿੱਚ ਅਹਿਮ ਭੂਮਿਕਾ ਨਿਭਾਏਗੀ। ਰਾਸ਼ਟਰਪਤੀ ਮੁਰਮੂ ਨੇ ਕਿਹਾ, ਕਾਢ ਕਾਰਾਂ ਅਤੇ ਉੱਦਮੀਆਂ ਨੂੰ ਰਵਾਇਤੀ ਭਾਈਚਾਰਿਆਂ ਦੇ ਗਿਆਨ ਅਧਾਰ ਨੂੰ

ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ । ਮਹਿਲਾ ਸ਼ਕਤੀਕਰਨ ਬਾਰੇ ਬੋਲਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਕੁੜੀਆਂ ਵਿਗਿਆਨ, ਇੰਜਨੀਅਰਿੰਗ, ਤਕਨਾਲੋਜੀ ਅਤੇ ਗਣਿਤ ਵਿੱਚ ਪਿੱਛੇ ਨਹੀਂ ਨੇ. ਰਾਸ਼ਟਰਪਤੀ ਕੱਲ੍ਹ ਰਾਂਚੀ ਦੇ ਦੋ ਦਿਨਾਂ ਦੌਰੇ 'ਤੇ ਉਥੇ ਪਹੁੰਚੇ ਸਨ।

-------------------------------------------------

ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਦੀ ਕਲ੍ਹ ਚੰਡੀਗੜ੍ਹ ਵਿੱਚ ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਦੀ ਅਗਵਾਈ ਵਿੱਚ ਕੇਂਦਰੀ ਟੀਮ ਨਾਲ ਮੀਟਿੰਗ ਹੋਈ. ਮੀਟਿੰਗ ਵਿੱਚ ਮੁੱਖ ਸਕੱਤਰ K A P ਸਿਨਹਾ, ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੀ ਹਾਜ਼ਰ ਸਨ । ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਦੱਸਿਆ ਕਿ ਇਹ ਮੀਟਿੰਗ ਸੁਹਿਰਦ ਮਾਹੌਲ ‘ਚ ਹੋਈ ਜਿਥੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ, ਸਰਵਣ ਸਿੰਘ ਪੰਧੇਰ ਸਮੇਤ 28 ਕਿਸਾਨਾਂ ਨੇ ਹਿੱਸਾ ਲਿਆ. ਓਹਨਾਂ ਦੱਸਿਆ ਕਿ ਇਹਨਾਂ ਨੂੰ ਇਸ ਮੀਟਿੰਗ

‘ਚ ਕਿਸਾਨਾਂ ਦੀ ਭਲਾਈ ਲਈ ਕੀਤੀਆਂ ਗਈਆਂ ਪਹਿਲ ਕਦਮੀਆਂ ਬਾਰੇ ਦੱਸਿਆ ਗਿਆ. ਮੰਤਰੀ ਨੇ ਇਹ ਜਾਣਕਾਰੀ ਵੀ ਦਿੱਤੀ ਕਿ ਕੇਂਦਰ ਸਰਕਾਰ ਦੇ DELEGATION ਦੀ ਕਿਸਾਨ ਆਗੂਆਂ ਨਾਲ ਅਗਲੀ ਮੀਟਿੰਗ 22 ਫਰਵਰੀ ਨੂੰ ਹੋਏਗੀ. ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ  ਨੇ ਇਸ ਗਤੀਵਿਧੀ ਬਾਰੇ ਪ੍ਰਸ਼ਟੀ ਕੀਤੀ ਤੇ ਕਿਹਾ ਕਿ ਓਹ ਅਤੇ ਓਹਨਾਂ ਦੇ ਸਾਥੀ ਕਿਸਾਨ ਆਗੂ ਅਗਲੀ ਮੀਟਿੰਗ’ਚ ਹਿੱਸਾ ਲੈਣਗੇ।

---------------------------------------------------

ਪੰਜਾਬ  ਸਰਕਾਰ ਪੜ੍ਹੇ ਲਿਖੇ ਨੌਜਵਾਨਾਂ ਨੂੰ ਯੋਗਤਾ ਦੇ ਆਧਾਰ ਤੇ ਪਾਰਦਰਸ਼ੀ ਢੰਗ ਨਾਲ ਨੌਕਰੀਆਂ ਦੇਣ ਲਈ ਵਚਨਬੱਧ ਏ । ਸੂਬਾ ਸਰਕਾਰ ਵੱਲੋਂ ਆਪਣੇ ਪਹਿਲੇ ਤਿੰਨ ਸਾਲਾਂ ਦੌਰਾਨ ਹੀ 50 ਹਜ਼ਾਰ ਨੌਜਵਾਨਾਂ ਨੂੰ ਬਿਨਾਂ ਕਿਸੇ ਰਿਸ਼ਵਤ, ਸਿਫਾਰਸ਼ ਤੋਂ ਨੌਕਰੀਆਂ ਮੁਹੱਈਆ ਕਰਵਾਈਆਂ ਗਈਆਂ ਨੇ. ਪੰਜਾਬ ਦੇ ਬਿਜਲੀ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਦੇਸ਼ ਭਗਤ ਯੂਨੀਵਰਸਿਟੀ ਦੇ 12ਵੇਂ ਡਿਗਰੀ ਵੰਡ ਸਮਾਰੋਹ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਉਪਰੰਤ ਮੀਡੀਆ ਨਾਲ ਗੱਲਬਾਤ ਕਰਦਿਆਂ ਇਹ ਗੱਲ ਕਹੀ ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵੱਡੀ ਗਿਣਤੀ’ਚ ਨੌਜਵਾਨਾਂ ਨੂੰ ਰੋਜ਼ਗਾਰ ਦੇ ਕੇ ਇੱਕ ਅਜਿਹਾ ਮਾਹੌਲ ਸਿਰਜਿਆ ਏ ਜਿਸ ਨਾਲ ਨੌਜਵਾਨ ਵਰਗ ਅੰਦਰ ਵਿਦੇਸ਼ਾਂ ਵਿੱਚ ਜਾਣ ਦਾ ਰੁਝਾਨ ਘਟਿਆ ਏ ਤੇ ਹੁਣ ਓਹ ਪੰਜਾਬ ਅੰਦਰ ਰਹਿ ਕੇ ਹੀ ਰੋਜ਼ਗਾਰ ਹਾਸਲ ਕਰ ਸਕਦੇ ਨੇ। ਮੰਤਰੀ ਨੇ ਕਿਹਾ ਕਿ ਸਿੱਖਿਆ ਸੰਸਥਾਵਾਂ ਸਿਰਫ ਨੌਜਵਾਨਾਂ ਦਾ ਭਵਿੱਖ ਹੀ ਨਹੀਂ ਬਣਾਉਂਦੀਆਂ ਸਗੋਂ ਸਮਾਜ ਤੇ ਦੇਸ਼ ਦੇ ਭਵਿੱਖ ਦਾ ਨਿਰਮਾਣ ਕਰਨ ਦੇ ਨਾਲ-ਨਾਲ ਸਮਾਜ ਦੇ ਚਰਿੱਤਰ ਨੂੰ ਨੁਹਾਰ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਨੇ. ਉਨ੍ਹਾਂ ਕਿਹਾ ਕਿ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦੇ ਮਾਪਿਆਂ ਦੇ ਨਾਲ-ਨਾਲ ਉਨ੍ਹਾਂ ਦੇ ਅਧਿਆਪਕ ਵੀ ਵਧਾਈ ਦੇ ਪਾਤਰ ਨੇ ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਸਮਾਜ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਦੇ ਯੋਗ ਬਣਾਇਆ ਏ। ਉਨ੍ਹਾਂ ਡਿਗਰੀਆਂ ਹਾਸਲ ਕਰਨ ਵਾਲੇ ਨੌਜਵਾਨਾਂ ਨੂੰ ਮੁਬਾਰਕਬਾਦ ਵੀ ਦਿੱਤੀ। ਡਿਗਰੀ ਵੰਡ ਸਮਾਰੋਹ ਮੌਕੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਤੇ ਹੋਰ ਪਤਵੰਤੇ ਵੀ ਮੌਜੂਦ ਸਨ।

-----------------------------------------------------

CIA ਸਟਾਫ ਜਲੰਧਰ ਦਿਹਾਤੀ ਪੁਲਿਸ ਨੇ ਇੱਕ ਬਦਨਾਮ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਏ ਅਤੇ 90 ਕਿਲੋਗ੍ਰਾਮ ਭੁੱਕੀ ਬਰਾਮਦ ਕੀਤੀ ਏ । ਫੜੇ ਗਏ ਵਿਅਕਤੀ ਨੂੰ ਕਰਤਾਰਪੁਰ ਖੇਤਰ ਵਿੱਚ ਇੱਕ ਵਿਸ਼ੇਸ਼ ਕਾਰਵਾਈ ਦੌਰਾਨ ਇੱਕ XUV ਗੱਡੀ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਏ । ਇਸ ਬਾਰੇ ਜਾਣਕਾਰੀ ਦਿੰਦੇ ਹੋਏ, ਜਲੰਧਰ ਦਿਹਾਤੀ ਦੇ ਸੀਨੀਅਰ ਪੁਲਿਸ ਕਪਤਾਨ ਹਰ-ਕਮਲ-ਪ੍ਰੀਤ ਸਿੰਘ ਖੱਖ ਨੇ ਕਿਹਾ ਕਿ CIA ਸਟਾਫ ਜਲੰਧਰ ਦਿਹਾਤੀ ਦੇ ਇੰਚਾਰਜ ਇੰਸਪੈਕਟਰ ਪੁਸ਼ਪ ਬਾਲੀ ਵੱਲੋਂ ਮਿਲੀ ਭਰੋਸੇਯੋਗ ਖੁਫੀਆ ਜਾਣਕਾਰੀ ਦੇ ਆਧਾਰ 'ਤੇ, 13 ਫਰਵਰੀ ਨੂੰ ਇੱਕ ਵਿਸ਼ੇਸ਼ ਕਾਰਵਾਈ ਕੀਤੀ ਗਈ। ਪੁਲਿਸ ਟੀਮ ਨੇ ਮੁਲਜ਼ਮ ਨੂੰ ਗੁਰੂਦੁਆਰਾ ਸਾਹਿਬ ਦਿਆਲਪੁਰ ਦੇ ਨੇੜੇ ਰੋਕਿਆ, ਜਿੱਥੇ ਉਸ ਕੋਲੋਂ ਭੁੱਕੀ ਵਾਲੇ ਕਈ ਥੈਲੇ ਮਿਲੇ। SSP ਖੱਖ ਨੇ ਅੱਗੇ ਖੁਲਾਸਾ ਕੀਤਾ ਕਿ ਮੁਲਜ਼ਮ ਦੇ ਕਬਜ਼ੇ ਵਿੱਚੋਂ ਬਿਨਾਂ ਰਜਿਸਟ੍ਰੇਸ਼ਨ ਪਲੇਟ ਦੇ ਇੱਕ ਚਿੱਟੀ XUV 500 ਗੱਡੀ ਵੀ ਬਰਾਮਦ ਕੀਤੀ ਗਈ ਏ । ਇਸ ਸੰਬੰਧ’ਚ ਪੁਲਿਸ ਸਟੇਸ਼ਨ ਕਰਤਾਰਪੁਰ ਵਿਖੇ ਐਨਡੀ-ਪੀਐਸ ਦੀਆਂ ਵਖ – ਵਖ

ਧਾਰਾਵਾਂ ਤਹਿਤ ਇੱਕ ਨਵਾਂ ਕੇਸ ਦਰਜ ਕੀਤਾ ਗਿਆ ਏ. ਨਵੰਬਰ 2024 ਵਿੱਚ ਨਾਭਾ ਜੇਲ੍ਹ ਤੋਂ ਜ਼ਮਾਨਤ 'ਤੇ ਰਿਹਾਅ ਹੋਏ ਮੁਲਜ਼ਮ ਨੂੰ ਹੋਰ ਜਾਂਚ ਲਈ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਏ।

-----------------------------------------------------------------

ਕੇਂਦਰੀ SECENDORY ਸਿਖਿਆ ਬੋਰਡ CBSE ਦੀਆਂ 10 ਵੀਂ ਅਤੇ 12 ਵੀਂ ਜਮਾਤ ਦੀਆਂ ਪ੍ਰੀਖਿਆਵਾਂ ਅੱਜ ਤੋਂ ਸ਼ੁਰੂ ਹੋ ਗਈਆਂ ਨੇ. ਇਸ ਪ੍ਰੀਖਿਆ'ਚ ਦੇਸ਼ ਵਿਦੇਸ਼ 'ਚ 42 ਲਖ ਤੋਂ ਵਧ ਵਿਦਿਆਰਥੀਆਂ ਦੇ ਇਮਤਿਹਾਨ ਦੇਣ ਦੀ ਉਮੀਦ ਏ ਅਤੇ ਇਸ ਲਈ 7 ਹਜ਼ਾਰ 842 ਪ੍ਰੀਖਿਆ ਕੇਂਦਰ ਬਣਾਏ ਗਏ ਨੇ. ਇਹ ਪ੍ਰੀਖਿਆਵਾਂ ਇੱਕ ਹੀ ਸੈਸ਼ਨ ਵਿਚ ਸਵੇਰੇ ਸਾਢੇ 10 ਵਜੇ ਤੋਂ ਦੁਪਹਿਰ ਬਾਅਦ ਡੇਢ ਵਜੇ ਤਕ ਹੋ ਰਹੀਆਂ ਨੇ. 10 ਵੀਂ ਦੀਆਂ ਪ੍ਰੀਖਿਆਵਾਂ 18 ਮਾਰਚ ਨੂੰ ਤੇ 12 ਵੀਂ ਦੀਆਂ 4 ਅਪ੍ਰੈਲ ਨੂੰ ਖਤਮ ਹੋਣਗੀਆਂ।